# ਪ੍ਰਧਾਨ ਮੰਤਰੀ ਦੀ ਸੰਘੀ ਗਣਰਾਜ ਨਾਈਜੀਰੀਆ ਦੇ ਰਾਸ਼ਟਰਪਤੀ ਨਾਲ ਮੁਲਾਕਾਤ

ਸਤੰਬਰ 10, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਨਾਈਜੀਰੀਆ ਦੇ ਸੰਘੀ ਗਣਰਾਜ ਦੇ ਰਾਸ਼ਟਰਪਤੀ ਐਚ.ਈ. ਸ਼੍ਰੀ ਬੋਲਾ ਅਹਿਮਦ ਟੀਨੂਬੂ ਨਾਲ 10 ਸਤੰਬਰ 2023 ਨੂੰ ਨਵੀਂ ਦਿੱਲੀ ਵਿੱਚ ਜੀ-20 ਸਿਖਰ ਸੰਮੇਲਨ ਦੇ ਮੌਕੇ 'ਤੇ, ਮੁਲਾਕਾਤ ਕੀਤੀ।

ਰਾਸ਼ਟਰਪਤੀ ਟੀਨੂਬੂ ਨੇ ਭਾਰਤ ਦੀ ਜੀ-20 ਪ੍ਰੈਜ਼ੀਡੈਂਸੀ ਦੀ ਸਫਲਤਾ 'ਤੇ ਪ੍ਰਧਾਨ ਮੰਤਰੀ ਨੂੰ ਵਧਾਈ ਦਿੱਤੀ। ਉਸਨੇ ਜੀ-20 ਵਿੱਚ ਅਫਰੀਕੀ ਸੰਘ ਦੀ ਸਥਾਈ ਮੈਂਬਰਸ਼ਿਪ ਨੂੰ ਯਕੀਨੀ ਬਣਾਉਣ ਅਤੇ ਗਲੋਬਲ ਦੱਖਣ ਦੇ ਹਿੱਤਾਂ ਨੂੰ ਅੱਗੇ ਵਧਾਉਣ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਵੀ ਕੀਤਾ।

ਦੋਵਾਂ ਨੇਤਾਵਾਂ ਨੇ ਵਪਾਰ ਅਤੇ ਨਿਵੇਸ਼, ਰੱਖਿਆ, ਖੇਤੀਬਾੜੀ, ਬਾਜਰੇ, ਵਿੱਤੀ ਟਕਨੋਲੋਜੀ ਅਤੇ ਸਮਰੱਥਾ ਨਿਰਮਾਣ ਸਮੇਤ ਵਿਆਪਕ ਦੁਵੱਲੇ ਸਹਿਯੋਗ ਦੇ ਵੱਖ-ਵੱਖ ਖੇਤਰਾਂ 'ਤੇ ਲਾਭਕਾਰੀ ਗੱਲਬਾਤ ਕੀਤੀ।

**ਨਵੀਂ ਦਿੱਲੀ**
**ਸਤੰਬਰ 10, 2023**